# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

# ਵਿਸ਼ੇਸ਼ ਲੋੜਾਂ ਵਾਲੇ ਪ੍ਰੀਖਿਆਰਥੀਆਂ ਦੀਆਂ ਸਮੱਸਿਆਵਾਂ ਪ੍ਰਤੀ ਬੋਰਡ ਵੱਲੋਂ ਸੰਜੀਦਾ ਕਾਰਵਾਈ

ਐੱਸ.ਏ.ਐੱਸ. ਨਗਰ 7 ਮਾਰਚ ( ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ੇਸ਼ ਜ਼ਰੂਰਤਾਂ ਵਾਲੇ ਪ੍ਰੀਖਿਆਰਥੀਆਂ ਵੱਲ ਖਾਸ ਤਵੱਜੋਂ ਦਿੱਤੀ ਜਾਂਦੀ ਹੈ। ਬੋਰਡ ਵੱਲੋਂ ਇਸ ਵਾਰ ਦਸਵੀਂ-ਬਾਰ੍ਹਵੀਂ ਦੀਆਂ ਸਲਾਨਾਂ ਪ੍ਰੀਖਿਆਵਾਂ ਦੇਣ ਵਾਲੇ ਇਹਨਾਂ ਬੱਚਿਆਂ ਲਈ ਲਿਖਾਰੀ ਲੈਣ ਲਈ ਪ੍ਰਤੀ ਪੇਪਰ ਬਣਦੀ 100 ਰੁਪਏ ਫੀਸ ਬੰਦ ਕਰਕੇ ਪ੍ਰੀਖਿਆ ਕੇਂਦਰ 'ਤੇ ਹੀ ਲਿਖਾਰੀ ਦੇਣ ਲਈ ਕੰਟਰੋਲਰ ਅਤੇ ਕੇਂਦਰ ਸੁਪਰਡੈਂਟ ਨੂੰ ਅਧਿਕਾਰਿਤ ਕੀਤਾ ਗਿਆ ਹੈ।

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਅਤੇ ਮਾਣਯੋਗ ਅਦਾਲਤ ਦੇ ਸਮੇਂ-ਸਮੇਂ ਦਿੱਤੇ ਆਦੇਸ਼ਾਂ ਦੇ ਸਨਮੁੱਖ ਬਾਰ੍ਹਵੀਂ ਜਮਾਤ ਦੇ ਇਮਤਿਹਾਨ ਦੇ ਰਹੇ ਵਿਸ਼ੇਸ਼ ਲੋੜਾਂ ਵਾਲੇ ਪ੍ਰੀਖਿਆਰਥੀਆਂ ਦੇ 8 ਮਾਰਚ ਤੋਂ ਤੁਰੰਤ ਪ੍ਰਭਾਵ ਨਾਲ ਬਾਰ੍ਹਵੀਂ ਦੇ ਬਾਕੀ ਰਹਿੰਦੇ ਪੇਪਰਾਂ ਦੇ ਪ੍ਰੀਖਿਆ ਕੇਂਦਰ ਉਹਨਾਂ ਦੇ ਆਪਣੇ ਸਕੂਲਾਂ ਵਿੱਚ ਹੀ ਸਥਾਪਿਤ ਕਰ ਦਿੱਤੇ ਗਏ ਹਨ।

ਸਿੱਖਿਆ ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਵਿਸ਼ੇਸ਼ ਲੋੜਾਂ ਵਾਲੇ ਮੈਟ੍ਰਿਕ ਦੇ ਰੈਗੂਲਰ ਅਤੇ ਓਪਨ ਸਕੂਲ ਦੇ 697 ਪ੍ਰੀਖਿਆਰਥੀਆਂ ਲਈ ਉਹਨਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਮੈਟ੍ਰਿਕ ਪ੍ਰੀਖਿਆਵਾਂ ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 479 ਬੱਚਿਆਂ ਦੇ ਆਪਣੇ ਹੀ ਸਕੂਲਾਂ ਵਿੱਚ 258 ਪ੍ਰੀਖਿਆ ਕੇਂਦਰ ਸਥਾਪਿਤ ਕੀਤੇ ਗਏ ਹਨ। ਇਹਨਾਂ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਲਈ ਬੋਰਡ ਵੱਲੋਂ ਇਹਨਾਂ ਪ੍ਰਤੀ ਵਿਸ਼ੇਸ਼ ਧਿਆਨ ਦਿੰਦਿਆਂ 166 ਹੋਰ ਪ੍ਰੀਖਿਆ ਕੇਂਦਰ ਵੀ ਇਹਨਾਂ ਲਈ ਸਥਾਪਿਤ ਕੀਤੇ ਗਏ ਹਨ।

ਬੋਰਡ ਦੇ ਬੁਲਾਰੇ ਨੇ ਦੱਸਿਆ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਪ੍ਰਤੀ ਇੱਕ ਘੰਟੇ ਪਿੱਛੇ 20 ਮਿੰਟ ਦਾ ਵਾਧੂ ਸਮਾਂ ਵੀ ਦਿੱਤਾ ਜਾਂਦਾ ਹੈ ਤਾਂ ਜੋ ਇਹ ਪ੍ਰੀਖਿਆਰਥੀ ਆਪਣੇ ਪ੍ਰਸ਼ਨ ਪੱਤਰ ਨੂੰ ਹੋਰ ਵਧੀਆ ਢੰਗ ਅਤੇ ਸੌਖ ਨਾਲ ਹੱਲ ਕਰ ਸਕਣ। ਬੁਲਾਰੇ ਨੇ ਅੱਗੇ ਦੱਸਿਆ ਕਿ ਇਹਨਾਂ ਬੱਚਿਆਂ ਲਈ ਬੋਰਡ ਵੱਲੋਂ ਵਿਸ਼ੇਸ਼ ਕਿਸਮ ਦੇ ਪ੍ਰਸ਼ਨ ਪੱਤਰ ਛਪਵਾਏ ਜਾਂਦੇ ਹਨ ਅਤੇ ਪ੍ਰੀਖਿਆ ਕੇਂਦਰਾਂ 'ਚ ਇਹਨਾਂ ਪ੍ਰੀਖਿਆਰਥੀਆਂ ਨੂੰ ਪ੍ਰਸ਼ਨ ਪੱਤਰ ਸਮਝਣ ਲਈ ਸਬੰਧਿਤ ਜਾਣਕਾਰੀ ਵਾਲੇ ਅਧਿਆਪਕ ਪ੍ਰੀਖਿਆ ਕੇਂਦਰਾਂ ਵਿੱਚ ਪੂਰਾ ਸਮਾਂ ਉਪਲਭਧ ਕਰਵਾਏ ਜਾਂਦੇ ਹਨ। ਬੁਲਾਰੇ ਨੇ ਦੱਸਿਆ ਕਿ ਇਹਨਾਂ ਦੇ ਮੁਲੰਕਣ ਲਈ ਵੀ ਵਿਸ਼ੇਸ਼ ਮੁਲੰਕਣ ਕੇਂਦਰ ਬਣਾਏ ਗਏ ਹਨ ਜਿਨ੍ਹਾਂ ਵਿੱਚ ਮੁਲੰਕਣ ਕਰਤਾ ਇਹਨਾਂ ਵਿਦਿਆਰਥੀਆਂ ਨੂੰ ਸਿੱਖਿਆ ਦੇਣ ਵਾਲੇ ਅਧਿਆਪਕਾਂ ਨੂੰ ਨਿਯੁਕਤ ਕੀਤਾ ਜਾਵੇਗਾ।

ਮਿਤੀ:-07-03-2018

ਕੋਮਲ ਸਿੰਘ (ਲੋਕ ਸੰਪਰਕ ਦਫ਼ਤਰ)
ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner